# ਵਰਲਡ ਪੰਜਾਬੀ ਟਾਈਮਜ਼

# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times 11 ਅਪ੍ਰੈਲ 2024 ਦਿਨ ਵੀਰਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਗੁਰਦੁਆਰਾ ਬਰੁੱਕਸਾਈਡ ਵਿਖੇ ਸੰਗਤਾਂ ਨੇ ਨਿਸ਼ਾਨ ਸਾਹਿਬ ਦਾ ਚੋਲਾ ਬਦਲਣ ਦੀ ਸੇਵਾ ਨਿਭਾਈ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 11 ਅਪ੍ਰੈਲ : ਸਰੀ ਸਥਿਤ ਗੁਰਦੁਆਰਾ ਸਾਹਿਬ ਬਰੁੱਕਸਾਈਡ ਦੀ ਸੰਗਤ ਵੱਲੋਂ ਬੀਤੇ ਦਿਨ ਨਿਸ਼ਾਨ ਸਾਹਿਬ ਦਾ ਚੋਲਾ ਬਦਲਣ ਦੀ ਸੇਵਾ ਬੜੇ ਹੀ ਚਾਵਾਂ ਨਾਲ ਨਿਭਾਈ ਗਈ। ਬੱਚਿਆਂ, ਜਵਾਨਾਂ, ਬਜ਼ੁਰਗਾਂ, ਬੀਬੀਆਂ ਤੇ ਮਾਤਾਵਾਂ ਨੇ ਹਰੇਕ ਸਾਲ ਦੀ ਤਰ੍ਹਾਂ ਬੜੇ ਹੀ ਉਤਸ਼ਾਹ ਨਾਲ ਸੇਵਾ ਦੇ ਕਾਰਜ ਵਿਚ ਯੋਗਦਾਨ ਪਾਇਆ। ਨਿਸ਼ਾਨ ਸਾਹਿਬ ਨੂੰ ਹਾਈਡਰੋਲਿਕ ਨਾਲ ਨੀਵਿਆਂ ਕਰਕੇ ਪੁਰਾਣਾ ਚੋਲਾ ਉਤਾਰਿਆ ਗਿਆ। ਸਾਫ ਸਫਾਈ ਅਤੇ ਧੁਲਾਈ ਉਪਰੰਤ ਸੰਗਤਾਂ ਨੇ ਬੜੇ ਉਤਸ਼ਾਹ ਨਾਲ ਨਵਾਂ ਚੋਲਾ ਚੜ੍ਹਾਉਣ ਦੀ ਸੇਵਾ ਵਿਚ ਰਲਮਿਲ ਕੇ ਹੱਥ ਵਟਾਇਆ। ਚੋਲਾ ਬਦਲਣ ਦੀ ਸੇਵਾ ਗਿਆਨੀ ਜੀ ਵੱਲੋਂ ਅਰਦਾਸ ਉਪਰੰਤ ਸ਼ੁਰੂ ਹੋਈ ਅਤੇ ਅਰਦਾਸ ਨਾਲ ਹੀ ਸੇਵਾ ਮੁਕੰਮਲ ਹੋਈ। ਸੇਵਾ ਦੌਰਾਨ ਰਾਗੀ ਜੱਥਿਆਂ ਨੇ ਕੀਰਤਨ ਰਾਹੀਂ ਹਾਜਰ ਸੰਗਤਾਂ ਨੂੰ ਨਿਹਾਲ ਕੀਤਾ। ਹਾਜਰ ਸੰਗਤਾਂ ਨੇ "ਬੋਲੇ ਸੋ ਨਿਹਾਲ" ਦੇ ਜੈਕਾਰਿਆਂ ਨਾਲ ਚੋਲਾ ਬਦਲਣ ਦੇ ਇਸ ਸਮਾਗਮ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

## ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਗੁਰਗੱਦੀ ਦਿਵਸ ਮੌਕੇ ਕਲਤੂਰਾ ਸਿੱਖ ਇਟਲੀ ਵੱਲੋਂ ਇਟਾਲੀਅਨ ਕਿਤਾਬ ਪੰਥ ਦੀਆਂ ਮਹਾਨ ਬੀਬੀਆਂ ਸੰਗਤ ਦੇ ਸਨਮੁੱਖ

ਵਰਲਡ ਪੰਜਾਬੀ ਟਾਈਮਜ਼ ਨਵਜੋਤ ਪਨੈਚ ਢੀਂਡਸਾ




ਮਿਲਾਨ, 11 ਅਪ੍ਰੈਲ : ਯੂਰਪ ਵਿੱਚ ਜਨਮ ਲੈਣ ਵਾਲੇ ਬੱਚਿਆਂ ਅਤੇ ਇਟਾਲੀਅਨ ਲੋਕਾਂ ਨੂੰ ਮਹਾਨ ਸਿੱਖ ਧਰਮ ਤੋ ਜਾਣੋ ਕਰਵਾਉਣ ਲਈ ਤੱਤਪਰ ਯੂਰਪ ਦੀ ਸਿਰਮੌਰ ਸਿੱਖ ਸੰਸਥਾ ਕਲਤੂਰਾ ਸਿੱਖ (ਰਜਿ:)ਇਟਲੀ ਜਿਹੜੀ ਕਿ ਇੱਕ ਦਹਾਕੇ ਤੋਂ ਵੀ ਵਧੇਰੇ ਸਮੇਂ ਤੋਂ ਮਹਾਨ ਸਿੱਖ ਧਰਮ ਦੇ ਕੁਰਬਾਨੀਆਂ ਨਾਲ ਭਰੇ ਲਾਸਾਨੀ ਇਤਿਹਾਸ ਨੂੰ ਵੱਖ-ਵੱਖ ਯੂਰਪੀਅਨ ਭਾਸ਼ਾਵਾਂ ਵਿੱਚ ਕਿਤਾਬ ਦੇ ਰੂਪ ਵਿੱਚ ਛਪਵਾ ਕੇ ਵੰਡਦੀ ਆ ਰਹੀ ਹੈ ।ਹੁਣ ਤੱਕ ਇਹ ਸਿੱਖ ਸੰਸਥਾ 6 ਕਿਤਾਬਾਂ ਰਾਹੀਂ ਮਹਾਨ ਸਿੱਖ ਧਰਮ ਦਾ ਗੌਰਵਮਈ ਇਤਿਹਾਸ ਫ੍ਰੈਂਚ,ਸਪੈਨਿਸ,ਗਰੀਕੀ,ਡੱਚ ਤੇ ਇਟਾਲੀਅਨ ਭਾਸ਼ਾ ਵਿੱਚ ਛਪਵਾ ਕੇ ਯੂਰਪ ਭਰ ਵਿੱਚ ਵੰਡ ਚੁੱਕੀ ਹੈ ਤੇ ਇਟਾਲੀਅਨ ਭਾਸ਼ਾ ਵਿੱਚ 7ਵੀਂ ਕਿਤਾਬ ਜਿਸ ਦਾ ਨਾਮ ਸਿੱਖ ਪੰਥ ਦੀਆਂ ਮਹਾਨ ਬੀਬੀਆ ਹੈ ਜਿਹਨਾਂ ਵਿੱਚ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਮਾਤਾ ਜੀ ਮਾਤਾ ਤ੍ਰਿਪਤਾ ਜੀ,ਬੇਬੇ ਨਾਨਕੀ ਜੀ, ਮਾਤਾ ਖੀਵੀ ਜੀ, ਬੀਬੀ ਅਮਰੋ ਜੀ, ਬੀਬੀ ਭਾਨੀ ਜੀ, ਮਾਤਾ ਗੁੱਜਰ ਕੌਰ ਜੀ,ਮਾਤਾ ਸਾਹਿਬ ਕੌਰ,ਮਾਤਾ ਭਾਗ ਕੌਰ,ਬੀਬੀ ਹਰਸ਼ਰਨ ਕੌਰ, ਮਹਾਰਾਣੀ ਸਦਾ ਕੌਰ ਤੇ ਮਹਾਰਾਣੀ ਜਿੰਦ ਕੌਰ ਦੇ ਸਿੱਖ ਇਤਿਹਾਸ ਵਿੱਚ ਬਹੁਮੁੱਲੇ ਯੋਗਦਾਨ ਨੂੰ ਇਟਾਲੀਅਨ ਭਾਸ਼ਾ ਵਿੱਚ ਵਰਨਣ ਕੀਤਾ ਗਿਆ ਹੈ ਤਾਂ ਜੋ ਇਟਲੀ ਵਿੱਚ ਜਨਮੀ ਸਿੱਖ ਪੀੜ੍ਹੀ ਤੇ ਇਟਾਲੀਅਨ ਭਾਈਚਾਰਾ ਇਸ ਕਿਤਾਬ ਰਾਹੀ ਚੰਗੀ ਤਰ੍ਹਾਂ ਮਹਾਨ ਸਿੱਖ ਧਰਮ ਬਾਰੇ ਜਾਣ ਸਕੇ।ਮਹਾਨ ਸਿੱਖ ਧਰਮ ਦੇ 7ਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਗੁਰਗੱਦੀ ਦਿਵਸ ਨੂੰ ਸਮਰਪਿਤ ਇਹ ਕਿਤਾਬ ਸੰਗਤਾਂ ਦੇ ਸਨਮੁੱਖ ਕਰਦਿਆਂ ਇਟਾਲੀਅਨ ਇੰਡੀਅਨ ਪ੍ਰੈੱਸ ਕਲੱਬ ਨੂੰ ਕਲਤੂਰਾ ਸਿੱਖ ਦੇ ਮੈਂਬਰਾਂ ਨੇ ਦੱਸਿਆ ਕਿਹਾ ਕਿ ਉਹਨਾਂ ਦੀ ਸੰਸਥਾ ਮਹਾਨ ਸਿੱਖ ਧਰਮ ਦੇ ਇਤਿਹਾਸ ਨੂੰ ਯੂਰਪ ਭਰ ਵਿੱਚ ਹੁੰਦੇ ਧਾਰਮਿਕ ਸਮਾਗਮ ਦੌਰਾਨ ਮੁੱਫਤ ਤਕਸੀਮ ਕਰਦੀ ਹੈ ਤਾਂ ਜੋ ਸੰਗਤਾਂ ਗੁਰੂ ਨਾਨਕ ਦੇ ਘਰ ਨਾਲ ਜੁੜ ਕੇ ਮਨੁੱਖਤਾ ਦੀ ਸੇਵਾ ਕਰ ਸਕਣ। 7ਵੀਂ ਕਿਤਾਬ ਜੋ ਇਟਾਲੀਅਨ ਭਾਸ਼ਾ ਵਿੱਚ ਹੈ ਸੰਗਤ ਦੇ ਸਨਮੁੱਖ ਕੀਤੀ ਜਾ ਰਹੀ ਹੈ ਇਸ ਦੇ 52 ਪੇਜ਼ ਹਨ ਜਿਹਨਾਂ ਰਾਹੀ ਸਿੱਖ ਧਰਮ ਦੀਆਂ ਮਹਾਨ ਮਾਤਾਵਾਂ ਤੇ ਬੀਬੀਆਂ ਦੀ ਗੱਲ ਕੀਤੀ ਗਈ ਹੈ। ਜੇਕਰ ਇਸ ਕਿਤਾਬ ਵਿੱਚ ਕਿਸੇ ਨੂੰ ਕੋਈ ਤਰੁੱਟੀ ਲੱਗਦੀ ਹੈ ਤਾਂ ਉਹ ਕਿਰਪਾ ਉਹਨਾਂ ਦੇ ਧਿਆਨ ਵਿੱਚ ਜ਼ਰੂਰ ਲਿਆਉਣ ਤਾਂ ਜੋ ਅੱਗੇ ਤੋ ਕਿਤਾਬ ਨੂੰ ਹੋਰ ਸੋਧ ਕਿ ਪ੍ਰਕਾਸ਼ਿਤ ਕੀਤੀ ਜਾ ਸਕੇ। ਇਸ ਨੂੰ ਪ੍ਰਾਪਤ ਕਰਨ ਲਈ ਕਲਤੂਰਾ ਸਿੱਖ ਦੇ ਸੇਵਾਦਾਰਾ ਨਾਲ ਸੰਪਰਕ ਕਰ ਸਕਦੇ ਹੋ। ਇਸ ਕਿਤਾਬ ਨੂੰ ਸੰਗਤ ਦੇ ਸਨਮੁੱਖ ਕਰਨ ਵਿੱਚ ਆਪਣਾ ਬਹੁਮੁੱਲਾ ਯੋਗਦਾਨ ਪਾਉਣ ਲਈ ਸਭ ਸੇਵਾਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ।

## ਮਹਾਨ ਖਾਲਸਾ ਪੰਥ ਦੀ ਚੜ੍ਹਦੀ ਕਲਾ ਦੀਆਂ ਬਾਤਾਂ ਪਾਵੇਗਾ 13 ਅਪ੍ਰੈਲ ਨੂੰ ਲੋਨੀਗੋ(ਵਿਚੈਂਸਾ) ਦੀ ਧਰਤੀ ਉਪੱਰ ਸਜ ਰਿਹਾ ਵਿਸ਼ਾਲ ਨਗਰ ਕੀਰਤਨ




ਮਿਲਾਨ, 11 ਅਪ੍ਰੈਲ : ਖਾਲਸੇ ਦੇ ਸਾਜਨਾ ਦਿਵਸ ਨੂੰ ਸਮਰਪਿਤ ਤੇ ਸਿੱਖੀ ਸਿਧਾਂਤ,ਸਿੱਖੀ ਜੀਵਨ ,ਸਿੱਖੀ ਫਰਜ਼ਾਂ ਦੀਆਂ ਬਾਤਾਂ ਪਾਉਂਦੇ ਵਿਸ਼ਾਲ ਧਾਰਮਿਕ ਸਮਾਗਮ ,ਗੁਰਬਾਣੀ ਕੀਰਤਨ ਸਮਾਰੋਹ ਤੇ ਨਗਰ ਕੀਰਤਨ ਜਿੱਥੇ ਭਾਰਤ ਦੀ ਧਰਤੀ ਉਪੱਰ ਸਜਾਏ ਜਾਂਦੇ ਹਨ ਉੱਥੇ ਦੁਨੀਆਂ ਦੇ ਚੱਪੇ-ਚੱਪੇ ਵਿੱਚ ਰਹਿਣ ਬਸੇਰਾ ਕਰਦੀ ਸਿੱਖ ਸੰਗਤ ਮਹਾਨ ਸਿੱਖ ਧਰਮ ਨੂੰ ਸਮਰਪਿਤ ਅਜਿਹੇ ਸਮਾਗਮ ਕਰਵਾਉਂਦੀ ਹੋਈ ਵਿਦੇਸ਼ਾਂ ਵਿੱਚ ਸਿੱਖੀ ਦੇ ਬੂਟੇ ਨੂੰ ਪ੍ਰਫੁੱਲਤ ਕਰਨ ਵਿੱਚ ਵੱਡਮੁੱਲਾ ਯੋਗਦਾਨ ਪਾ ਰਹੀ ਹੈ ਅਜਿਹੇ ਹੀ ਕਾਰਜਾਂ ਵਿੱਚ ਮੋਹਰੀ ਹੈ ਇਟਲੀ ਦੇ ਵੈਨੇਤੋ ਸੂਬੇ ਦਾ ਪ੍ਰਸਿੱਧ ਗੁਰਦੁਆਰਾ ਸਾਹਿਬ ਬਾਬਾ ਜ਼ੋਰਾਵਾਰ ਸਿੰਘ ਜੀ ਬਾਬਾ ਫਤਿਹ ਸਿੰਘ ਜੀ ਇਸ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਮਹਾਨ ਸਿੱਖ ਧਰਮ ਨਾਲ ਸਬੰਧਤ ਸਮਾਗਮਾਂ



ਨੂੰ ਨਿਰੰਤਰ ਕਰਵਾਉਂਦੀ ਹੀ ਰਹਿੰਦੀ ਹੈ।ਗੁਰਦੁਆਰਾ ਸਾਹਿਬ ਵੱਲੋਂ ਖਾਲਸੇ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ 13 ਅਪ੍ਰੈਲ ਦਿਨ ਸ਼ਨੀਵਾਰ 2024 ਨੂੰ ਦੁਪਿਹਰ ਇੱਕ ਵਜੇ ਸਜਾਇਆ ਜਾ ਰਿਹਾ ਹੈ ਜਿਸ ਵਿੱਚ ਪੰਥ ਦੇ ਪ੍ਰਸਿੱਧ ਰਾਗੀ,ਢਾਡੀ,ਕੀਰਤਨੀਏ ਤੇ ਕਥਾ ਵਾਚਕ ਗੁਰੂ ਸਾਹਿਬ ਦੇ ਦਰਬਾਰ ਵਿੱਚ ਭਰਵੀਂ ਹਾਜ਼ਰੀ ਲੁਆਉਣਗੇ।ਇਸ ਮਹਾਨ ਦਿਨ ਮੌਕੇ ਭਾਰਤ ਦੀ ਧਰਤੀ ਤੋਂ ਉਚੇਚੇ ਤੌਰ ਤੇ ਆ ਰਿਹਾ ਪ੍ਰਸਿੱਧ ਪੰਥਕ ਢਾਡੀ ਜੱਥਾ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ ਸੰਗਤਾਂ ਨੂੰ ਲਾਸਾਨੀ ਸਿੱਖ ਇਤਿਹਾਸ ਸਰਵਣ ਕਰਵਾਉਣਗੇ।ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਮੁੱਚੀਆਂ ਸੰਗਤਾਂ ਨੂੰ ਇਸ ਮਹਾਨ ਦਿਵਸ ਵਿੱਚ ਹੁੰਮ-ਹੁੰਮਾ ਕੇ ਪਹੁੰਚਣ ਦੀ ਅਪੀਲ ਕੀਤੀ ਹੈ।

## "ਸਰੀ ਕ੍ਰਿਸਚੀਅਨ ਸਕੂਲ" ਦੇ ਵਿਦਿਆਰਥੀ ਗੁਰਦੁਆਰਾ ਬਰੁੱਕਸਾਈਡ ਵਿਖੇ ਨਤਮਸਤਕ ਹੋਏ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 11 ਅਪ੍ਰੈਲ : "ਸਰੀ ਕ੍ਰਿਸਚੀਅਨ ਸਕੂਲ" ਦੇ ਵਿਦਿਆਰਥੀ ਆਪਣੇਅਧਿਆਪਕ ਕਾਰਲੋਸ ਐਲਵੈਰੋ ਨਾਲ ਬੀਤੇ ਦਿਨ ਗੁਰਦੁਆਰਾ ਸਾਹਿਬ ਬਰੁੱਕਸਾਈਡ ਸਰੀ ਵਿਖੇ ਨਤਮਸਤਕ ਹੋਏ। ਕੈਨੇਡੀਅਨ ਰਾਮਗੜ੍ਹੀਆ ਸੁਸਾਇਟੀ ਦੇ ਪਬਲਿਕ ਰਿਲੇਸ਼ਨ ਸੈਕਟਰੀ ਸੁਰਿੰਦਰ ਸਿੰਘ ਜੱਬਲ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਸੁਸਾਇਟੀ ਵੱਲੋਂ ਜੀ ਆਇਆਂ ਕਿਹਾ ਅਤੇ ਗੁਰਦੁਆਰਾ ਸਾਹਿਬ ਵਿਚ ਪ੍ਰਵੇਸ਼ ਕਰਨ ਦੀ ਮਰਿਆਦਾ ਬਾਰੇ ਜਾਣੂੰ ਕਰਵਾਇਆ।

ਉਪਰੰਤ ਸਾਰੇ ਵਿਦਿਆਰਥੀ ਤੀਸਰੀ ਮੰਜ਼ਿਲ 'ਤੇ ਗੈਲਰੀ ਹਾਲ ਵਿਚ ਪਹੁੰਚੇ ਜਿਥੇ ਗਿਆਨੀ ਸਾਹਿਬਾਨ ਸਹਿਜ ਪਾਠਾਂ ਦੀ ਸੇਵਾ ਨਿਭਾਅ ਰਹੇ ਸਨ। ਵਿਦਿਆਰਥੀਆਂ ਨੇ ਬੜੇ ਉਤਸ਼ਾਹ ਤੇ ਉਤਸੁਕਤਾ ਨਾਲ ਸਿੱਖ ਧਰਮ ਤੇ ਗੁਰਦੁਆਰਾ ਸਾਹਿਬ ਸੰਬੰਧੀ ਜਾਣਕਾਰੀ ਪ੍ਰਾਪਤ ਕੀਤੀ ਅਤੇ ਫਿਰ ਦਰਬਾਰ ਹਾਲ ਵਿਚ ਹਾਜਰੀ ਭਰੀ। ਅੰਤ ਵਿਚ ਮਰਿਆਦਾ ਅਨੁਸਾਰ ਲੰਗਰ ਛਕ ਕੇ ਵਿਦਿਆਰਥੀ ਆਪਣੇ ਸਕੂਲ ਨੂੰ ਵਾਪਿਸ ਰਵਾਨਾ ਹੋਏ। ਕੋਵਿਡ-19 ਮਹਾਂਮਾਰੀ ਤੋਂ ਬਾਅਦ ਸਰੀ ਕ੍ਰਿਸਚੀਅਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਆਪਣੇ ਆਂਢ ਗੁਆਂਢ ਪ੍ਰਤੀ ਜਾਗਰੂਕ ਹੋਣ ਦਾ ਇਹ ਪਹਿਲਾ ਮੌਕਾ ਸੀ।

## ਤਰਕਸ਼ੀਲ ਸੁਸਾਇਟੀ ਦੀ ਚੋਣ 28 ਅਪ੍ਰੈਲ ਨੂੰ – ਸਰੀ ਨਗਰ ਕੀਰਤਨ 'ਤੇ ਲੱਗੇਗਾ ਬੁੱਕ ਸਟਾਲ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

TARKSHEEL SOCIETY OF CANADA

ਸਰੀ, 11 ਅਪਰੈਲ: ਤਰਕਸ਼ੀਲ ਸੁਸਾਇਟੀ ਦਾ ਦੋ-ਸਾਲਾ ਕੌਮੀ ਡੈਲੀਗੇਟ ਇਜਲਾਸ 17 ਮਈ (ਐਤਵਾਰ) ਨੂੰ ਹੋ ਰਿਹਾ ਹੈ। ਤਰਕਸ਼ੀਲ ਸੁਸਾਇਟੀ ਸਰੀ ਯੂਨਿਟ ਦੇ ਪ੍ਰਧਾਨ ਜਸਵਿੰਦਰ ਹੇਅਰ ਅਤੇ ਸਕੱਤਰ ਗੁਰਮੇਲ ਗਿੱਲ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸੰਬੰਧ ਵਿਚ ਸਰੀ ਯੂਨਿਟ ਦੀ ਜਨਰਲ ਬਾਡੀ ਦੀ ਮੀਟਿੰਗ 28 ਅਪਰੈਲ (ਐਤਵਾਰ) ਨੂੰ ਸਵੇਰੇ 11 ਵਜੇ ਪ੍ਰੋਗਰੈਸਿਵ ਕਲਚਰਲ ਸੈਂਟਰ ਯੂਨਿਟ (126-7536, 130 ਸਟਰੀਟ) ਸਰੀ ਵਿਖੇ, ਕੌਮੀ ਪ੍ਰਧਾਨ ਬਾਈ ਅਵਤਾਰ ਗਿੱਲ ਦੀ ਪ੍ਰਧਾਨਗੀ ਹੇਠ ਬੁਲਾਈ ਗਈ ਹੈ, ਜਿਸ ਵਿੱਚ ਨਵੀਂ ਮੈਂਬਰਸ਼ਿਪ ਕਰਨ ਤੋਂ ਬਾਅਦ ਸੁਸਾਇਟੀ ਦੀਆਂ ਪਿਛਲੇ ਦੋ ਸਾਲਾਂ ਦੀਆਂ ਸਰਗਰਮੀਆਂ 'ਤੇ ਚਰਚਾ ਕੀਤੀ ਜਾਵੇਗੀ, ਕਾਰਜਕਰਨੀ ਦੀ ਦੋ ਸਾਲ ਲਈ ਚੋਣ ਕੀਤੀ ਜਾਵੇਗੀ, ਕੌਮੀ ਇਜਲਾਸ ਲਈ ਡੈਲੀਗੇਟ ਚੁਣੇ ਜਾਣਗੇ ਅਤੇ ਸੁਸਾਇਟੀ ਦੀ ਆਰਥਿਕ ਹਾਲਤ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਸੁਸਾਇਟੀ ਦਾ ਸਮਾਜ ਵਿੱਚ ਪ੍ਰਚਾਰ ਅਤੇ ਆਧਾਰ ਵਧਾਉਣ ਲਈ ਵੀ ਵਿਚਾਰ ਚਰਚਾ ਕੀਤੀ ਜਾਵੇਗੀ।

ਸੁਸਾਇਟੀ ਵੱਲੋਂ ਸਮਾਜ ਵਿੱਚ ਫ਼ੈਲੇ ਹੋਏ ਅੰਧ-ਵਿਸ਼ਵਾਸ਼ ਪ੍ਰਤੀ ਫ਼ਿਕਰਮੰਦ ਲੋਕਾਂ ਨੂੰ ਮੀਟਿੰਗ ਵਿੱਚ ਸ਼ਾਮਿਲ ਹੋ ਕੇ ਅਤੇ ਸੁਸਾਇਟੀ ਦੇ ਮੈਂਬਰ ਬਣ ਕੇ ਤਰਕਸ਼ੀਲ ਲਹਿਰ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ ਗਿਆ ਹੈ। ਸੁਸਾਇਟੀ ਵੱਲੋਂ 20 ਅਪਰੈਲ ਨੂੰ ਸਰੀ ਵਿਖੇ ਹੋ ਰਹੇ ਨਗਰ ਕੀਰਤਨ 'ਤੇ ਸੁਸਾਇਟੀ ਦਾ ਬੁੱਕ ਸਟਾਲ, 128 ਸਟ੍ਰੀਟ ਤੇ ਪਾਇਲ ਬਿਜਨੈਸ ਸੈਂਟਰ ਦੇ ਸਾਹਮਣੇ ਰੇਲਵੇ ਲਾਈਨ ਦੇ ਕੋਲ ਲਾਇਆ ਜਾਵੇਗਾ। ਇਸ ਸਟਾਲ ਉੱਪਰ ਤਰਕਸ਼ੀਲ ਸੁਸਾਇਟੀ ਦੀਆਂ ਕਿਤਾਬਾਂ ਤੋਂ ਇਲਾਵਾ ਹੋਰ ਵੀ ਬਹੁਤ ਸਾਰਾ ਜਾਣਕਾਰੀ ਭਰਪੂਰ ਅਤੇ ਅਗਾਂਹ-ਵਧੂ ਸਾਹਿਤ ਬਹੁਤ ਹੀ ਵਾਜਿਬ ਕੀਮਤ 'ਤੇ ਪ੍ਰਾਪਤ ਕੀਤਾ ਜਾ ਸਕੇਗਾ। ਬੱਚਿਆਂ ਲਈ ਗਿਆਨ ਭਰਪੂਰ ਕਿਤਾਬਾਂ ਅੰਗਰੇਜ਼ੀ ਅਤੇ ਪੰਜਾਬੀ ਵਿੱਚ ਅਤੇ ਸੀਨੀਅਰ ਸਿਟੀਜ਼ਨ ਲਈ ਵੀ ਸਾਹਿਤ ਹਾਜਰ ਮਿਲੇਗਾ। ਸੁਸਾਇਟੀ ਦਾ ਮੈਂਬਰ ਬਣਨ ਲਈ ਮੈਂਬਰਸ਼ਿਪ ਫ਼ਾਰਮ ਵੀ ਸਟਾਲ 'ਤੇ ਭਰੇ ਜਾ ਸਕਦੇ ਹਨ। ਹੋਰ ਜਾਣਕਾਰੀ ਲਈ ਫੋਨ ਨੰਬਰ 604-499-3699, 604-206-4705 ਅਤੇ 672-558-5757 ਉਪਰ ਸੰਪਰਕ ਕੀਤਾ ਜਾ ਸਕਦਾ ਹੈ।

## ਕਿਸਾਨ ਅੰਦੋਲਨਕਾਰੀਆਂ, ਭਾਈ ਅੰਮ੍ਰਿਤਪਾਲ ਸਿੰਘ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਰੋਸ ਮੁਜ਼ਾਹਰਾ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 11 ਅਪ੍ਰੈਲ : ਸਤਿਕਾਰ ਕਮੇਟੀ ਕਨੇਡਾ ਵੱਲੋਂ ਬੀਤੇ ਦਿਨ ਸ਼ੰਭੂ, ਘਨੌਰੀ, ਡੱਬਵਾਲੀ ਬਾਰਡਰ 'ਤੇ ਸੰਘਰਸ਼ ਕਰ ਰਹੇ ਕਿਸਾਨ ਅੰਦੋਲਨਕਾਰੀਆਂ ਦੀ ਹਮਾਇਤ ਵਿੱਚ ਅਤੇ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਸਰੀ ਵਿਖੇ (ਕਿੰਗ ਜੌਰਜ ਸਟਰੀਟ ਤੇ 88 ਐਵੀਨਿਊ ਨੇੜੇ ਬੀਅਰ ਕਰੀਕ ਪਾਰਕ) ਵਿੱਚ ਜੋਸ਼ ਭਰਿਆ ਮੁਜ਼ਾਹਰਾ ਕੀਤਾ ਗਿਆ।



ਇਹ ਜਾਣਕਾਰੀ ਦਿੰਦਿਆਂ ਸਤਿਕਾਰ ਕਮੇਟੀ ਦੇ ਆਗੂ ਕੁਲਦੀਪ ਸਿੰਘ ਸੇਖੋ ਨੇ ਦੱਸਿਆ ਹੈ ਕਿ ਇਸ ਮੌਕੇ ਪਹੁੰਚੀ ਸੰਗਤ ਵੱਲੋਂ ਸਭ ਤੋਂ ਪਹਿਲਾਂ ਅਰਦਾਸ ਕੀਤੀ ਗਈ। ਇਨ੍ਹਾਂ ਮੁਜ਼ਾਹਰੇ ਨੂੰ ਆਉਣ ਜਾਣ ਵਾਲੀਆਂ ਗੱਡੀਆਂ, ਟਰੱਕਾਂ ਦੇ ਡਰਾਈਵਰਾਂ ਤੇ ਪੈਦਲ ਜਾਣ ਵਾਲਿਆਂ ਨੇ ਜੈਕਾਰੇ ਛੱਡ ਕੇ, ਹਾਰਨ ਮਾਰ ਕੇ ਅਤੇ ਹੱਥ ਖੜ੍ਹੇ ਕਰਕੇ ਪ੍ਰਬੰਧਕਾਂ ਦੇ ਹੌਸਲੇ ਬੁਲੰਦ ਕੀਤੇ। ਬਹੁਤ ਸਾਰੇ ਲੋਕਾਂ ਨੇ ਇਸ ਮੁਜ਼ਾਹਰੇ ਦੀ ਹਮਾਇਤ ਕਰਨ ਦਾ ਇਕਰਾਰ ਕੀਤਾ। ਇਸ ਮੁਜ਼ਾਹਰੇ ਵਿੱਚ ਭਾਈ ਅਮਰਜੀਤ ਸਿੰਘ ਪ੍ਰਧਾਨ, ਮਾਸਟਰ ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਭੁਪਿੰਦਰਜੀਤ ਸਿੰਘ, ਪਰਮਿੰਦਰ ਕੌਰ, ਪ੍ਰਭਸ਼ਰਨ ਕੌਰ, ਜਸਮੇਲ ਕੌਰ, ਬਲਰਾਜ ਕੌਰ, ਦਲਜੀਤ ਕੌਰ, ਮਨਤੇਜ ਸਿੰਘ, ਗੁਰਫਤਿਹ ਸਿੰਘ, ਜੋਧਵੀਰ ਸਿੰਘ, ਰੀਤ ਕੌਰ, ਰਵੀਇੰਦਰ ਸਿੰਘ, ਹਰਕੰਵਲ ਸਿੰਘ, ਕੁੰਵਰਦੀਪ ਸਿੰਘ, ਗੁਰਬਚਨ ਸਿੰਘ, ਤਰਨਜੀਤ ਸਿੰਘ, ਦੀਦਾਰ ਸਿੰਘ, ਜੋਗਿੰਦਰ ਸਿੰਘ, ਗੁਰਮੀਤ ਸਿੰਘ, ਅੰਮ੍ਰਿਤਪਾਲ ਸਿੰਘ, ਮਨਵੀਰ ਸਿੰਘ, ਸਿਮਰਨਜੀਤ ਕੌਰ ਸ਼ਾਮਿਲ ਹੋਏ।

ਕੁਲਦੀਪ ਸਿੰਘ ਸੇਖੋ ਨੇ ਇਹ ਵੀ ਦੱਸਿਆ ਹੈ ਕਿ ਉਕਤ ਮੁੱਦਿਆਂ ਨੂੰ ਲੈ ਕੇ ਹਰ ਹਫਤੇ ਐਤਵਾਰ ਨੂੰ ਸ਼ਾਮ 5 ਤੋਂ 7 ਵਜੇ ਤੱਕ ਇਸ ਸਥਾਨ 'ਤੇ ਮੁਜ਼ਾਹਰਾ ਕੀਤਾ ਜਾਇਆ ਕਰੇਗਾ।

## ਵਿਸਾਖੀ ਤੇ ਮਾਈਸਰਖਾਨਾ ਮੇਲਿਆਂ ਲਈ ਚੱਲਣਗੀਆਂ ਵਿਸ਼ੇਸ਼ ਬੱਸਾਂ : ਡਿਪਟੀ ਕਮਿਸ਼ਨਰ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਬਠਿੰਡਾ, 11 ਅਪ੍ਰੈਲ : ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਤਖ਼ਤ ਸ਼੍ਰੀ ਦਮਦਮਾ ਸਾਹਿਬ ਵਿਖੇ ਵਿਸਾਖੀ ਅਤੇ ਮਾਈਸਰਖਾਨਾ ਵਿਖੇ ਨਵਰਾਤਰੇ ਮੇਲੇ ਮਨਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਵਾਰ ਵੀ ਵਿਸਾਖੀ ਮੇਲਾ 12 ਅਪ੍ਰੈਲ 2024 ਤੋਂ 15 ਅਪ੍ਰੈਲ 2024 ਅਤੇ ਮਾਈਸਰਖਾਨਾ ਮੇਲਾ ਮਿਤੀ 14 ਅਪ੍ਰੈਲ 2024 ਤੋਂ 15 ਅਪ੍ਰੈਲ 2024 ਤੱਕ ਮਨਾਇਆ ਜਾ ਰਿਹਾ ਹੈ। ਇਨ੍ਹਾਂ ਮੇਲਿਆਂ ਵਿੱਚ ਸ਼ਰਧਾਲੂਆਂ ਦੀ ਸਹੂਲਤ ਨੂੰ ਮੱਦੇਨਜ਼ਰ ਰੱਖਦਿਆਂ ਪੀਆਰਟੀਸੀ ਬਠਿੰਡਾ ਡਿੱਪੂ ਵਲੋਂ ਸਪੈਸ਼ਲ ਬੱਸ ਸਰਵਿਸ ਚਲਾਈ ਗਈ ਹੈ।

ਵਿਸਾਖੀ ਤੇ ਮਾਈਸਰਖਾਨਾ ਮੇਲੇ ਲਈ ਲਗਾਈ ਗਈ ਬੱਸ ਸਰਵਿਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜਨਰਲ ਮੈਨੇਜ਼ਰ ਪੀਆਰਟੀਸੀ ਸ਼੍ਰੀ ਬਲਵਿੰਦਰ ਸਿੰਘ ਨੇ ਦੱਸਿਆ ਕਿ ਬਠਿੰਡਾ ਤੋਂ ਤਲਵੰਡੀ ਸਾਬੋ ਅਤੇ ਮਾਈਸਰਖਾਨਾ ਆਉਣ-ਜਾਣ ਲਈ ਸ਼ਰਧਾਲੂਆਂ ਦੀ ਸਹੂਲਤ ਵਾਸਤੇ 20-20 ਸਪੈਸ਼ਲ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਹੈ।

ਇਸੇ ਤਰ੍ਹਾਂ ਰਾਮਪੁਰਾ ਅਤੇ ਮੌੜ ਤੋਂ 5-5 ਬੱਸਾਂ ਅਤੇ ਰਾਮਾਂ, ਕਾਲਾਂਵਾਲੀ, ਭੁੱਚੋ ਮੰਡੀ ਅਤੇ ਸਰਦੂਲਗੜ੍ਹ ਤੋਂ 3-3 ਬੱਸਾਂ ਸ਼ਰਧਾਲੂਆਂ ਲਈ ਮੁਹੱਈਆ ਕਰਵਾਈਆਂ ਗਈਆਂ ਹਨ।

## ਆਕਸਫੋਰਡ ਸਕੂਲ ਵਿਖੇ ਮਨਾਇਆ ਗਿਆ "ਈਦ" ਦਾ ਤਿਉਹਾਰ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ

ਕੋਟਕਪੂਰਾ, 11 ਅਪ੍ਰੈਲ : 'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਭਗਤਾ ਭਾਈ ਕਾ ਸੰਸਥਾ ਵਿੱਚ ਮੁਸਲਿਮ ਭਾਈਚਾਰੇ ਨਾਲ ਸਬੰਧਤ ਤਿਉਹਾਰ "ਈਦ" ਨੂੰ ਮੁੱਖ ਰੱਖਦੇ ਹੋਏ ਸਪੈਸ਼ਲ ਐਸੰਬਲੀ ਕਰਵਾਈ ਗਈ। ਇਸ ਸਮੇਂ ਵਿਦਿਆਰਥੀਆਂ ਵੱਲੋਂ ਗੀਤ ਅਤੇ ਨਾਟਕ ਪੇਸ਼ ਕੀਤਾ ਗਿਆ। ਕੋਰੀਓਗ੍ਰਾਫ਼ੀ ਰਾਹੀਂ ਅਨੇਕਤਾ ਵਿੱਚ ਏਕਤਾ ਦਾ ਸੰਦੇਸ਼ ਦਿੱਤਾ ਗਿਆ। ਵੱਖ-ਵੱਖ ਧਰਮਾਂ ਦੀ ਰਹਿਨੁਮਾਈ ਕਰਨ ਵਾਲੇ ਪਹਿਰਾਵੇ ਵਿੱਚ ਸਜੇ ਬੱਚੇ ਬੜੇ ਹੀ ਸਲੀਕੇ ਨਾਲ ਇੱਕ ਦੂਜੇ ਦੇ ਗਲੇ ਮਿਲ ਕੇ ਸਾਨੂੰ ਇਸ ਤਿਉਹਾਰ ਵਿੱਚ ਸ਼ਾਮਿਲ ਹੋਣ ਦਾ ਸੁਨੇਹਾ ਦੇ ਕੇ ਗਏ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ ਨੇ "ਈਦ ਮੁਬਾਰਕ" ਆਖਦਿਆਂ ਵਿਦਿਆਰਥੀਆਂ ਨੂੰ ਸੁਨੇਹਾ ਦਿੱਤਾ ਕਿ ਸਾਡੇ ਸਾਰੇ ਤਿਉਹਾਰ ਹੀ ਸਾਂਝੇ ਹਨ ਅਤੇ ਸਾਨੂੰ ਸਭ ਨੂੰ ਹੀ ਇਹ ਤਿਉਹਾਰ ਬੜੀ ਸ਼ਰਧਾ ਨਾਲ ਮਨਾਉਣੇ ਚਾਹੀਦੇ ਹਨ। ਉਨ੍ਹਾਂ ਵਿਦਿਆਰਥੀਆਂ ਦੇ ਸਨਮੁੱਖ ਹੁੰਦਿਆਂ ਕਿਹਾ ਕਿ ਹਰ ਤਿਉਹਾਰ ਖ਼ੁਸ਼ੀਆਂ ਦਾ ਸੁਨੇਹਾ ਲੈ ਕੇ ਆਉਂਦਾ ਹੈ ਅਤੇ ਸਾਨੂੰ ਅਨੇਕਤਾ ਵਿੱਚ ਏਕਤਾ ਦਾ ਸਬੂਤ ਦਿੰਦੇ ਹੋਏ ਮਜ਼੍ਹਬੀ ਭੇਦ-ਭਾਵ ਤੋਂ ਬਿਨਾਂ ਰਲ ਮਿਲ ਕੇ ਰਹਿਣਾ ਚਾਹੀਦਾ ਹੈ। ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਅਤੇ ਕੋਆਰਡੀਨੇਟਰਜ਼ ਆਦਿ ਵੀ ਮੌਜੂਦ ਸਨ



# ਵਿਸਾਖੀ ਮੇਲੇ ਦੇ ਮੱਦੇਨਜ਼ਰ ਸੰਗਤਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਮੁਕੰਮਲ : ਜਸਪ੍ਰੀਤ ਸਿੰਘ

## ਸ਼ਰਧਾਲੂਆਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਸਮੱਸਿਆ

## ਮੇਲੇ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਕੀਤੀ ਰੀਵਿਊ ਮੀਟਿੰਗ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚਹਿਲ



ਤਲਵੰਡੀ ਸਾਬੋ (ਬਠਿੰਡਾ), 11 ਅਪ੍ਰੈਲ : ਤਖਤ ਸ਼੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ) ਵਿਖੇ 13 ਅਪ੍ਰੈਲ ਨੂੰ ਮਨਾਏ ਜਾਣ ਵਾਲੇ ਸਲਾਨਾ ਵਿਸਾਖੀ ਮੇਲੇ ਦੇ ਮੱਦੇਨਜ਼ਰ ਸੰਗਤਾਂ ਦੀ ਸਹੂਲਤ ਲਈ ਸਾਰੇ ਪੁਖ਼ਤਾ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਤਖਤ ਸ਼੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਐਸਐਸਪੀ ਸ਼੍ਰੀ ਦੀਪਕ ਪਾਰੀਕ ਅਤੇ ਤਖਤ ਸ਼੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ) ਦੇ ਮੈਨੇਜ਼ਰ ਭਾਈ ਰਣਜੀਤ ਸਿੰਘ ਵਿਸ਼ੇਸ਼ ਤੌਰ ਤੇ ਮੌਜੂਦ ਰਹੇ।

ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਵਿਸਾਖੀ ਮੇਲੇ ਦੀਆਂ ਅਗਾਊਂ ਤਿਆਰੀਆਂ ਸਬੰਧੀ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ ਵੀ ਕੀਤੀ। ਇਸ ਮੌਕੇ ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸੌਂਪੀਆਂ ਗਈਆਂ ਆਪੋ-ਆਪਣੀਆਂ ਡਿਊਟੀਆਂ ਪੂਰੀ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ ਗਏ।

ਇਸ ਮੌਕੇ ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਤਖਤ ਸ਼੍ਰੀ ਦਮਦਮਾ ਸਾਹਿਬ ਵਿਖੇ ਵਿਸਾਖੀ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪੂਰੀ ਸ਼ਰਧਾ ਤੇ ਪ੍ਰੇਮ ਭਾਵਨਾ ਨਾਲ ਮਨਾਇਆ ਜਾਵੇਗਾ। ਉਨ੍ਹਾਂ ਇੱਕ ਸਵਾਲ ਦੇ ਜਵਾਬ ਚ ਕਿਹਾ ਕਿ ਮੇਲੇ ਨੂੰ 6 ਸੈਕਟਰਾਂ ਚ ਵੰਡ ਕੇ ਡਿਊਟੀ ਮੈਜਿਸਟ੍ਰੇਟ ਲਗਾਏ ਗਏ ਹਨ ਤਾਂ ਜੋ ਮੇਲੇ ਨੂੰ ਸਫ਼ਲਤਾਪੂਰਵਕ ਢੰਗ ਨਾਲ ਨੇਪਰੇ ਚੜ੍ਹਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਡਰੋਨ ਅਤੇ ਸੀਸੀਟੀਵੀ ਕੈਮਰਿਆਂ ਨਾਲ ਮੇਲੇ ਚ ਹਰ ਤਰ੍ਹਾਂ ਦੀਆਂ ਗਤੀਵਿਧੀਆਂ ਤੇ ਨਜ਼ਰ ਰੱਖੀ ਜਾਵੇਗੀ। ਇਸ ਦੌਰਾਨ ਉਨ੍ਹਾਂ ਕਿਹਾ ਕਿ ਸੰਗਤਾਂ ਦੀ ਸਹੂਲਤ ਲਈ ਕੰਟਰੋਲ ਰੂਮ ਵੀ ਸਥਾਪਤ ਕੀਤਾ ਗਿਆ ਹੈ, ਜੇਕਰ ਕਿਸੇ ਵੀ ਸ਼ਰਧਾਲੂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦਰਪੇਸ਼ ਆਉਂਦੀ ਹੈ ਤਾਂ ਉਹ 01655-220241, 01655-220249 ਤੇ ਸੰਪਰਕ ਕਰ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਇੱਕ ਹੋਰ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਮੇਲੇ ਵਿੱਚ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਪੀਆਰਟੀਸੀ ਬੱਸਾਂ ਦਾ ਸਪੈਸ਼ਲ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਬੱਸਾਂ ਦੇ ਰੁਕਣ ਲਈ ਆਰਜੀ ਬੱਸ ਸਟੈਂਡ ਸਥਾਪਤ ਕੀਤੇ ਗਏ ਹਨ। ਇਨ੍ਹਾਂ ਆਰਜੀ ਬੱਸ ਸਟੈਂਡਾਂ ਤੋਂ ਮੱਥਾ ਟੇਕਣ ਵਾਸਤੇ ਸੰਗਤਾਂ ਦੀ ਸਹੂਲਤ ਲਈ ਮੁਫ਼ਤ ਈ-ਰਿਕਸ਼ਿਆਂ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਇੱਕ ਹੋਰ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਐਨਡੀਆਰਐਫ਼ ਟੀਮਾਂ ਦਾ ਵਿਸ਼ੇਸ਼ ਪ੍ਰਬੰਧ ਕਰਦਿਆਂ ਸਰੋਵਰਾਂ ਦੇ ਨੇੜੇ ਐਨਡੀਆਰਐਫ਼ ਤੇ ਗੋਤਾਖੋਰ ਦੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ।

ਇਸ ਦੌਰਾਨ ਉਨ੍ਹਾਂ ਲੰਗਰ ਲਗਾਉਣ ਵਾਲੀਆਂ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਲੰਗਰ ਪੱਤਲਾਂ ਚ ਵਰਤਾਇਆ ਜਾਵੇ ਅਤੇ ਪਲਾਸਟਿਕ ਦੀ ਵਰਤੋਂ ਤੋਂ ਗੁਰੇਜ਼ ਕੀਤਾ ਜਾਵੇ।

ਇਸ ਮੌਕੇ ਐਸਐਸਪੀ ਸ਼੍ਰੀ ਦੀਪਕ ਪਾਰੀਕ ਨੇ ਦੱਸਿਆ ਕਿ ਪੁਲਿਸ ਵਲੋਂ ਮੇਲੇ ਵਿੱਚ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਦੇ ਮੱਦੇਨਜ਼ਰ ਟ੍ਰੈਫ਼ਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹਰ ਪੁਖਤਾ ਪ੍ਰਬੰਧ ਕੀਤੇ ਗਏ ਹਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀ ਲਤੀਫ਼ ਅਹਿਮਦ, ਸਕੱਤਰ ਆਰਟੀਏ ਮੈਡਮ ਪੂਨਮ ਸਿੰਘ, ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਸਾਹਿਤ ਪ੍ਰਚਾਰ ਮੰਚ ਅੰਮ੍ਰਿਤਸਰ ਦੇ ਦਫਤਰ ਦਾ ਸ਼ੁੱਭ ਉਦਘਾਟਨ

ਵਰਲਡ ਪੰਜਾਬੀ ਟਾਈਮਜ਼
ਅੰਜੂ ਅਮਨਦੀਪ ਗਰੋਵਰ



ਬਾਬਾ ਬਕਾਲਾ ਸਾਹਿਬ 11 ਅਪ੍ਰੈਲ : ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਮਾਝੇ ਦੀਆਂ ਸਾਹਿਤਕ ਸਭਾਵਾਂ ਵਿੱਚ ਵਾਧਾ ਕਰਦਿਆਂ, ਨੌਜਵਾਨ ਲੇਖਕਾਂ ਦੇ ਉੱਦਮ ਸਦਕਾ ਸਾਹਿਤ ਪ੍ਰਚਾਰ ਮੰਚ ਅੰਮ੍ਰਿਤਸਰ ਦੀ ਸਥਾਪਨਾ ਉਪਰੰਤ ਇਸਦਾ ਬਕਾਇਦਾ ਦਫਤਰ ਵੇਰਕਾ ਵਿਖੇ ਖੋਲ੍ਹਿਆ ਗਿਆ, ਜਿਸਦਾ ਕਿ ਰਸਮੀਂ ਤੌਰ 'ਤੇ ਉਦਘਾਟਨ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸਕੱਤਰ ਦੀਪ ਦਵਿੰਦਰ ਸਿੰਘ, ਕੌਂਸਲਰ ਪਰਮਿੰਦਰ ਕੌਰ ਵੇਰਕਾ ਅਤੇ ਬਾਬਾ ਰਵੀ ਸ਼ਾਹ ਨੇ ਸਾਂਝੇ ਤੌਰ ਤੇ ਰੀਬਨ ਕੱਟ ਕੇ ਕੀਤਾ । ਇਸ ਮੌਕੇ ਸ: ਸੁਰਜੀਤ ਸਿੰਘ ਅਸ਼ਕ ਨੂੰ ਸਾਹਿਤ ਪ੍ਰਚਾਰ ਮੰਚ, ਅੰਮ੍ਰਿਤਸਰ ਦੇ ਬਤੌਰ ਪ੍ਰਧਾਨ ਨਿਯੁਕਤ ਕਰਦਿਆਂ ਸਨਮਾਨਿਤ ਕੀਤਾ ਗਿਆ । ਮੰਚ ਸੰਚਾਲਨ ਕਰਦਿਆਂ ਜਨਰਲ ਸਕੱਤਰ ਰਾਜੀਵ ਮੈਹਣੀਆਂ ਨੇ ਦੱਸਿਆ ਕਿ ਮੰਚ ਵੱਲੋਂ ਦਫਤਰ ਦੇ ਉਦਘਾਟਨ ਮਗਰੋਂ ਬਹੁਤ ਜਲਦ ਹੀ ਇਕ ਪੰਜਾਬ ਪੱਧਰ ਦਾ ਸਾਹਿਤਕ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪੰਜਬ ਭਰ ਵਿਚੋਂ ਕਵੀਜਨ ਪੁਜਣਗੇ । ਇਸ ਮੌਕੇ ਮੰਚ ਦੇ ਮੀਡੀਆ ਇੰਚਾਰਜ ਦਿਲਰਾਜ ਸਿੰਘ ਦਰਦੀ ਨੇ ਵੀ ਮੰਚ ਦੀਆਂ ਪ੍ਰਾਪਤੀਆਂ ਅਤੇ ਮਨੋਰਥ ਬਾਰੇ ਜਾਣਕਾਰੀ ਦਿੱਤੀ । ਇਸ ਦੌਰਾਨ ਹੀ ਗਾਇਕ ਸਰਗਮ ਸੋਹੀ ਦੇ ਆ ਰਹੇ ਨਵੇਂ ਗੀਤ "ਕਾਲ" ਦਾ ਪੋਸਟਰ ਵੀ ਲੋਕ ਅਰਪਿਤ ਕੀਤਾ ਗਿਆ । ਮੰਚ ਵੱਲੋਂ ਸ਼ੇਲਿੰਦਰਜੀਤ ਸਿੰਘ ਰਾਜਨ, ਦੀਪ ਦਵਿੰਦਰ ਸਿੰਘ, ਪਰਮਿੰਦਰ ਕੌਰ ਵੇਰਕਾ, ਬਾਬਾ ਰਵੀ ਸ਼ਾਹ ਸਮੇਤ ਪੁੱਜੀਆਂ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਧਰਵਿੰਦਰ ਸਿੰਘ ਔਲਖ, ਮੱਖਣ ਭੈਣੀਵਾਲਾ, ਮਨਜੀਤ ਸਿੰਘ ਵੱਸੀ, ਰਾਜਵਿੰਦਰ ਕੌਰ ਰਾਜ, ਮੰਚ ਦੇ ਸੀਨੀਅਰ ਮੀਤ ਪ੍ਰਧਾਨ ਮਾ: ਕ੍ਰਿਪਾਲ ਸਿੰਘ ਵੇਰਕਾ, ਵਿਜੈ ਸ਼ਰਮਾ, ਰਵਿੰਦਰ ਕੌਰ, ਹਰਮਿੰਦਰ ਸਿੰਘ, ਗੁਰਮੀਤ ਸਿੰਘ, ਸਰਗਮ ਸੋਹੀ, ਪ੍ਰਗਟ ਸਿੰਘ, ਗੁਰਮੀਤ ਸਿੰਘ, ਹਰਵਿੰਦਰ ਸਿੰਘ, ਰਵਿੰਦਰ ਕੁਮਾਰ ਅਤੇ ਹੋਰਨਾਂ ਨੇ ਕਾਵਿ ਕਿਰਤਾਂ ਪੇਸ਼ ਕੀਤੀਆਂ । ਸਾਹਿਤ ਪ੍ਰਚਾਰ ਮੰਚ ਅੰਮ੍ਰਿਤਸਰ ਦੇ ਦਫਤਰ ਉਦਘਟਾਨ ਮੌਕੇ ਸਖਸ਼ੀਅਤਾਂ ਦਾ ਮਾਣ ਸਨਮਾਨ ਕਰਦਿਆਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਸਕੱਤਰ ਦੀਪ ਦਵਿੰਦਰ ਸਿੰਘ, ਕੌਂਸਲਰ ਪਰਮਿੰਦਰ ਕੌਰ ਵੇਰਕਾ, ਬਾਬਾ ਰਵੀ ਸ਼ਾਹ, ਦਿਲਰਾਜ ਸਿੰਘ ਦਰਦੀ, ਸੁਰਜੀਤ ਅਸ਼ਕ, ਰਾਜੀਵ ਮੈਹਣੀਆਂ, ਦੇ ਸੀਨੀਅਰ ਮੀਤ ਪ੍ਰਧਾਨ ਮਾ: ਕ੍ਰਿਪਾਲ ਸਿੰਘ ਅਤੇ ਮੰਚ ਦੇ ਅਹੁਦੇਦਾਰ ।

# ਵਿਸਾਖੀ ਮੇਲੇ ਦੀ ਇੱਕ ਯਾਦ

ਵਰਲਡ ਪੰਜਾਬੀ ਟਾਈਮਜ਼
ਪ੍ਰੋ. ਨਵ ਸੰਗੀਤ ਸਿੰਘ



ਇਹ ਗੱਲ ਕਰੀਬ 50 ਸਾਲ ਪੁਰਾਣੀ ਹੈ। ਅਸੀਂ ਉਦੋਂ ਗੋਨਿਆਨਾ ਮੰਡੀ (ਬਠਿੰਡਾ) ਵਿਖੇ ਰਹਿੰਦੇ ਸਾਂ। ਪਿਤਾ ਜੀ ਸਰਕਾਰੀ ਸਕੂਲ ਵਿੱਚ ਅਧਿਆਪਕ ਸਨ। ਮੈਂ ਚੌਥੀ ਜਮਾਤ ਵਿੱਚ ਅਤੇ ਮੇਰਾ ਭਰਾ ਪੰਜਵੀਂ ਵਿੱਚ ਪੜ੍ਹਦੇ ਸਾਂ। ਮੇਰੇ ਪਿਤਾ ਹਰ ਸਾਲ ਵਿਸਾਖੀ ਦੇ ਮੇਲੇ ਤੇ ਤਖ਼ਤ ਸ਼੍ਰੀ ਦਮਦਮਾ ਸਾਹਿਬ ਸੇਵਾ ਲਈ ਜਾਂਦੇ ਸਨ। ਉਹ ਆਪਣੇ ਨਾਲ ਸਾਨੂੰ, ਪਰਿਵਾਰ ਦੇ ਮੈਂਬਰਾਂ ਨੂੰ, ਵੀ ਲੈ ਕੇ ਜਾਂਦੇ ਸਨ। ਉਨ੍ਹੀਂ ਦਿਨੀਂ ਪਿੰਡਾਂ ਤੋਂ ਲੋਕੀਂ ਸਾਈਕਲਾਂ ਤੇ ਮੇਲੇ ਆਇਆ ਕਰਦੇ ਸਨ। ਸਾਈਕਲ ਸੰਭਾਲਣ ਦੀ ਸੇਵਾ ਪਿਤਾ ਜੀ ਕਰਦੇ। ਉਨ੍ਹਾਂ ਦਾ ਨਾਂ ਵੀ ਸ਼੍ਰੋਮਣੀ ਕਮੇਟੀ ਦੇ ਇਸ਼ਤਿਹਾਰਾਂ ਵਿੱਚ ਲਿਖਿਆ ਹੁੰਦਾ ਸੀ। ਅਸੀਂ ਤਿੰਨ ਉਥੇ ਰੁਕਦੇ। ਨਾਲੇ ਦਰਸ਼ਨ ਇਸ਼ਨਾਨ ਕਰਦੇ, ਨਾਲੇ ਸੇਵਾ। ਯਾਨੀ ਨਾਲੇ ਪੁੰਨ ਨਾਲੇ ਫ਼ਲੀਆਂ। ਪਿਤਾ ਜੀ ਨੇ ਆਪਣਾ ਲਿਖਿਆ ਗੁਰੂ ਗੋਬਿੰਦ ਸਿੰਘ ਜੀ ਬਾਰੇ ਇੱਕ ਭਾਸ਼ਣ ਸਾਨੂੰ ਤਿਆਰ ਕਰਵਾਇਆ ਸੀ। ਇਹ ਭਾਸ਼ਣ ਅਸੀਂ ਇਥੇ ਤਖ਼ਤ ਸਾਹਿਬ ਵਿਖੇ ਹੋਣ ਵਾਲੇ ਸਮਾਗਮ ਵਿੱਚ ਪੜ੍ਹਿਆ ਕਰਦੇ ਸਾਂ। ਪਰ ਸਮਾਂ ਲੈਣ ਲਈ ਬਹੁਤ ਮਿਹਨਤ ਕਰਨੀ ਪੈਂਦੀ। ਪਿਤਾ ਜੀ ਹੀ ਸਾਨੂੰ ਸਮਾਂ ਲੈ ਕੇ ਦਿੰਦੇ ਸਨ। ਸਾਡਾ ਭਾਸ਼ਣ ਪੜ੍ਹਨ ਦਾ ਤਰੀਕਾ ਬਿਲਕੁਲ ਨਵਾਂ ਤੇ ਵੱਖਰਾ ਸੀ। ਇਸਦੀ ਇੱਕ ਪੰਕਤੀ ਮੈਂ ਤੇ ਅਗਲੀ ਪੰਕਤੀ ਮੇਰਾ ਭਰਾ ਪੜ੍ਹਦਾ। ਜ਼ਬਾਨੀ ਯਾਦ ਕੀਤੇ ਇਸ ਭਾਸ਼ਣ ਨੂੰ ਅਸੀਂ ਵਿਸ਼ੇਸ਼ ਸੰਕੇਤਾਂ/ਇਸ਼ਾਰਿਆਂ ਦੀ ਮਦਦ ਨਾਲ ਬੜੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕਰਦੇ। ਵਿੱਚ-ਵਿੱਚ ਕਵਿਤਾ ਦੀਆਂ ਪੰਕਤੀਆਂ ਨੂੰ ਅਸੀਂ ਗਾ ਕੇ ਅਤੇ ਇਕੱਠੇ ਸੁਰਤਾਲ ਨਾਲ ਸੁਣਾਉਂਦੇ। ਪੰਜ ਤੋਂ ਸੱਤ ਮਿੰਟ ਦੇ ਇਸ ਭਾਸ਼ਣ ਨੂੰ ਸੰਗਤਾਂ ਇਕਾਗਰਚਿੱਤ ਅਤੇ ਅਚੰਭੇ ਨਾਲ ਸੁਣਦੀਆਂ। ਛੋਟੀ ਉਮਰ ਦੇ ਬੱਚਿਆਂ ਵੱਲੋਂ ਬਿਨਾਂ ਥਿੜਕੇ, ਬਿਨਾਂ ਡੋਲਿਆਂ, ਬਿਨਾਂ ਭੁੱਲਿਆਂ ਪੇਸ਼ ਕੀਤਾ ਇਹ ਭਾਸ਼ਣ ਸੰਗਤ ਉੱਤੇ ਜਾਦੂਈ ਅਸਰ ਪਾਉਂਦਾ ਤੇ ਉਹ ਇਨਾਮ ਵਜੋਂ ਨੋਟਾਂ ਦਾ ਮੀਂਹ ਵਰ੍ਹਾ ਦਿੰਦੇ। ਨੋਟ ਤਾਂ ਭਾਵੇਂ ਉਦੋਂ ਦੋ-ਦੋ, ਪੰਜ-ਪੰਜ ਦੇ ਹੀ ਹੁੰਦੇ ਸਨ, ਕਦੇ ਕੋਈ ਪੰਜਾਹ ਜਾਂ ਸੌ ਦਾ ਨੋਟ ਵੀ ਇਨਾਮ ਵਜੋਂ ਦੇ ਦਿੰਦਾ। ਪਿਤਾ ਜੀ ਨੇ ਬਚਪਨ ਵਿੱਚ ਲੈਕਚਰ (ਭਾਸ਼ਣਬਾਜ਼ੀ) ਦੇ ਅਜਿਹੇ ਗੁਣ ਭਰੇ ਕਿ ਮੈਂ ਆਗਾਮੀ ਜੀਵਨ ਵਿੱਚ ਕਾਲਜ ਲੈਕਚਰਾਰ ਬਣਿਆ ਅਤੇ ਪਿੱਛੋਂ ਇੱਕ ਯੂਨੀਵਰਸਿਟੀ ਵਿੱਚ ਵੀ ਸਹਿ-ਪ੍ਰੋਫ਼ੈਸਰ ਵਜੋਂ ਸੇਵਾ ਨਿਭਾਈ। ਅੱਜ ਵੀ ਜਦੋਂ ਵਿਸਾਖੀ ਦਾ ਤਿਉਹਾਰ ਆਉਂਦਾ ਹੈ, ਤਾਂ ਮੈਨੂੰ ਇਹ ਘਟਨਾ ਸ਼ਿੱਦਤ ਨਾਲ ਯਾਦ ਆਉਂਦੀ ਹੈ, ਜਿਸਨੂੰ ਹੁਣ ਮੈਂ ਆਪਣੇ ਪਰਿਵਾਰ (ਪਤਨੀ ਤੇ ਬੇਟੀ) ਨਾਲ ਸਾਂਝੀ ਕਰਕੇ ਪੁਰਾਣੇ ਸਮੇਂ ਵਿੱਚ ਪਹੁੰਚ ਜਾਂਦਾ ਹਾਂ।

# ਨਰਮੇ ਨਾਲ ਸਬੰਧਤ ਅੰਤਰਰਾਜੀ ਮੀਟਿੰਗ ਆਯੋਜਿਤ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚਹਿਲ

ਬਠਿੰਡਾ, 11 ਅਪ੍ਰੈਲ : ਸਾਲ 2024-25 ਵਿੱਚ ਨਰਮੇ ਦੀ ਖੇਤੀ ਨੂੰ ਪ੍ਰਫੁੱਲਿਤ ਕਰਨ ਲਈ ਉਪ-ਕੁਲਪਤੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਡਾ. ਸਤਬੀਰ ਸਿੰਘ ਗੋਸਲ ਦੀ ਪ੍ਰਧਾਨਗੀ ਹੇਠ ਸਥਾਨਕ ਖੇਤੀ ਭਵਨ ਵਿਖੇ ਅੰਤਰਰਾਜੀ ਸਲਾਹਕਾਰ ਤੇ ਮੋਨਟਰਿੰਗ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਚ ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੇ ਖੇਤੀ ਮਾਹਿਰਾਂ ਅਤੇ ਵਿਗਿਆਨੀਆਂ ਵੱਲੋ ਭਾਗ ਲਿਆ ਗਿਆ।

ਮੀਟਿੰਗ ਦੌਰਾਨ ਡਾ. ਗੋਸਲ ਨੇ ਹਾਊਸ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਸਾਉਣੀ 2024 ਦੌਰਾਨ ਨਰਮੇ ਦੀ ਫਸਲ ਹੇਠ 2 ਲੱਖ ਹੈਕਟੇਅਰ ਬਿਜਾਈ ਕਰਨ ਦਾ ਟੀਚਾ ਮਿਥਿਆ ਗਿਆ ਹੈ। ਇਸ ਲਈ ਕਿਸਾਨ ਸਿਖਲਾਈ ਕੈਪਾਂ ਅਤੇ ਨੁੱਕੜ ਮੀਟਿੰਗਾਂ ਰਾਹੀ ਕਿਸਾਨਾਂ ਨੂੰ ਸਿਰਫ ਪੀ.ਏ.ਯੂ ਵੱਲੋ ਨਰਮੇ ਦੀਆਂ ਸਿਫਾਰਸ਼ ਕੀਤੀਆਂ ਗਈਆਂ ਕਿਸਮਾਂ ਦੀ ਬਿਜਾਈ ਕਰਨ ਲਈ ਹੀ ਪ੍ਰੇਰਿਤ ਕੀਤਾ ਜਾਵੇ ਤੇ ਵੱਧ ਤੋ ਵੱਧ ਰਕਬਾ ਨਰਮੇ ਦੀ ਫਸਲ ਹੇਠ ਲਿਆਂਦਾ ਜਾਵੇ।



ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਡਾ. ਜਸਵੰਤ ਸਿੰਘ ਦੀ ਰਹਿਨੁਮਾਈ ਹੇਠ ਹੋਈ ਇਸ ਮੀਟਿੰਗ ਚ ਉਨ੍ਹਾਂ ਕਿਹਾ ਕਿ ਨਰਮੇ ਦੀ ਫਸਲ ਦੀ ਵਿਉਂਤਬੰਦੀ ਉਲੀਕੀ ਜਾ ਚੁੱਕੀ ਹੈ। ਨਰਮੇ ਦੀ ਬਿਜਾਈ ਲਈ 15 ਅਪ੍ਰੈਲ ਤੋਂ ਨਹਿਰੀ ਪਾਣੀ ਟੇਲਾਂ ਵਾਲੇ ਪਿੰਡਾਂ ਤੱਕ ਪਹੁੰਚ ਜਾਵੇਗਾ, ਇਸ ਲਈ ਨਰਮੇ ਦੀ ਬਿਜਾਈ ਲਈ ਭਰਵੀ ਰੌਣੀ ਨਹਿਰੀ ਪਾਣੀ ਨਾਲ ਹੀ ਕੀਤੀ ਜਾਵੇ। ਕਿਸਾਨਾਂ ਨੂੰ ਨਰਮੇ ਦੀ ਫਸਲ ਸਬੰਧੀ ਸਹੀ ਸਪਰੇ ਤਕਨਾਲੋਜੀ ਸਬੰਧੀ ਜਾਗਰੂਕ ਕੀਤਾ ਜਾਵੇ। ਨਿਰਦੇਸ਼ਕ ਖੋਜ, ਪੀ.ਏ.ਯੂ., ਲੁਧਿਆਣਾ ਡਾ. ਅਜਮੇਰ ਸਿੰਘ ਢੱਟ ਦੱਸਿਆ ਗਿਆ ਕਿ ਨਰਮੇ ਦੀ ਫਸਲ ਹੇਠ ਘਟ ਰਿਹਾ ਰਕਬਾ ਇੱਕ ਚਿੰਤਾ ਦਾ ਵਿਸ਼ਾ ਹੈ।ਧਰਤੀ ਹੇਠਲਾ ਪਾਣੀ ਦਾ ਪੱਧਰ ਦਿਨੋ ਦਿਨ ਘਟ ਰਿਹਾ ਹੈ।ਇਸ ਲਈ ਨਰਮੇ ਦੀ ਫਸਲ ਹੇਠ ਰਕਬਾ ਵਧਾਉਣ ਦੀ ਲੋੜ ਹੈ।

ਇਸ ਮੌਕੇ ਨਿਰਦੇਸ਼ਕ ਪ੍ਰਸਾਰ ਸਿੱਖਿਆ, ਪੀ.ਏ.ਯੂ ਲੁਧਿਆਣਾ ਡਾ.ਮੱਖਣ ਸਿੰਘ ਭੁੱਲਰ ਨੇ ਦੱਸਿਆ ਕਿ ਵੱਧ ਤੋਂ ਵੱਧ ਮਾਧਿਅਮਾਂ ਰਾਹੀਂ ਕਿਸਾਨਾਂ ਨੂੰ ਨਰਮੇ ਦੀ ਫਸਲ ਸਬੰਧੀ ਲੋੜੀਦੀ ਐਡਵਾਈਜ਼ਰੀ ਸਮੇਂ-ਸਮੇਂ ਸਿਰ ਮੁਹੱਈਆ ਕਰਵਾਈ ਜਾਵੇ।ਡਾ.ਧਰਮਪਾਲ ਮੌਰੀਆ, ਡਿਪਟੀ ਡਾਇਰੈਕਟਰ (ਕਪਾਹ) ਸ਼੍ਰੀ ਮੁਕਤਸਰ ਸਾਹਿਰ ਨੇ ਕਿਹਾ ਕਿ ਹੁਣ ਤੱਕ ਕਪਾਹ ਪੱਟੀ ਦੇ ਜ਼ਿਲਿਆਂ ਵਿੱਚ 74 ਪ੍ਰਤੀਸ਼ਤ ਨਰਮੇ ਦੀਆਂ ਛਿਟੀਆਂ ਦੇ ਢੇਰਾਂ ਦਾ ਪ੍ਰਬੰਧਨ ਕਰ ਦਿੱਤਾ ਗਿਆ ਹੈ ਅਤੇ ਬਾਕੀ ਰਹਿੰਦਾ ਕੰਮ ਜਲਦੀ ਹੀ ਪੂਰਾ ਕਰ ਦਿੱਤਾ ਜਾਵੇਗਾ ਕਿ ਨਰਮੇ ਦੀ ਬਿਜਾਈ 15 ਅਪ੍ਰੈਲ ਤੋਂ ਸ਼ੁਰੂ ਹੋ ਜਾਵੇਗੀ।

ਇਸ ਦੌਰਾਨ ਪ੍ਰਿੰਸੀਪਲ ਵਿਗਿਆਨੀ, ਪੀ.ਏ.ਯੂ ਲੁਧਿਆਣਾ ਡਾ.ਵਿਜੇ ਕੁਮਾਰ ਨੇ ਪੀ.ਪੀ.ਟੀ.ਰਾਹੀ ਨਰਮੇ ਦੀ ਫਸਲ ਤੇ ਗੁਲਾਬੀ ਸੁੰਡੀ, ਚਿੱਟੀ ਮੱਖੀ, ਥਰਿੱਪ, ਜੈਸਿਡ ਅਤੇ ਹੋਰ ਬਿਮਾਰੀਆਂ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ। ਹੋਰ ਰਾਜਾਂ ਚੋ ਆਏ ਵਿਗਿਆਨੀ ਡਾ. ਸਤੀਸ਼ ਕੁਮਾਰ ਸੈਨ ਅਤੇ ਡਾ. ਅਨਿਲ ਕੁਮਾਰ ਜਾਖੜ ਵੱਲੋ ਆਪਣੇ ਰਾਜਾਂ ਵਿੱਚ ਹੋ ਰਹੀ ਨਰਮੇ ਦੀ ਫਸਲ ਦੀ ਸਮੀਖਿਆ ਪੀ.ਪੀ.ਟੀ.ਰਾਹੀ ਵਿਸਥਾਰਪੂਰਵਕ ਪੇਸ਼ ਕੀਤੀ ਗਈ।

ਇਸ ਮੀਟਿੰਗ ਵਿੱਚ ਨਰਮਾ ਪੱਟੀ ਦੇ ਮੁੱਖ ਖੇਤੀਬਾੜੀ ਅਫਸਰ ਡਾ.ਦਿਲਬਾਗ ਸਿੰਘ ਹੀਰ (ਮਾਨਸਾ), ਡਾ. ਜਗਦੀਸ਼ ਸਿੰਘ (ਬਰਨਾਲਾ), ਡਾ. ਗੁਰਨਾਮ ਸਿੰਘ (ਸ਼੍ਰੀ ਮੁਕਤਸਰ ਸਾਹਿਬ), ਡਾ. ਗੁਰਪ੍ਰੀਤ ਸਿੰਘ (ਮੋਗਾ), ਡਾ. ਅਮਰੀਕ ਸਿੰਘ (ਫਰੀਦਕੋਟ), ਡਾ. ਇੰਦਰਜੀਤ ਸਿੰਘ (ਸੰਗਰੂਰ) ਅਤੇ ਡਾ.ਕਰਨਜੀਤ ਸਿੰਘ ਗਿੱਲ (ਬਠਿੰਡਾ) ਵੱਲੋਂ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਨਰਮੇ ਦੀ ਫਸਲ ਸਬੰਧੀ ਕੀਤੇ ਜਾ ਰਹੇ ਕੰਮਾਂ ਦੀ ਪ੍ਰਗਤੀ ਅਤੇ ਆਉਣ ਵਾਲੀ ਫਸਲ ਦੀ ਵਿਉਂਤਬੰਦੀ ਸਾਂਝੀ ਕੀਤੀ ਗਈ।

ਮੀਟਿੰਗ ਚ ਡਾ. ਸਰਵਣ ਸਿੰਘ ਜ਼ਿਲ੍ਹਾ ਸਿਖਲਾਈ ਅਫਸਰ ਬਠਿੰਡਾ, ਡਾ. ਕਰਮਜੀਤ ਸਿੰਘ ਸੇਖੋ, ਡਾ. ਪੰਕਜ ਰਾਠੌਰ ਵੱਲੋ ਨਰਮੇ ਦੀ ਫਸਲ ਸਬੰਧੀ ਅਹਿਮ ਸੁਝਾਅ ਸਾਂਝੇ ਕੀਤੇ ਗਏ।

# ਅਮਿੱਟ ਪੈੜਾਂ ਛੱਡ ਗਿਆ ਦਾ ਬਲੂਮਿੰਗਡੇਲ ਸਕੂਲ 'ਚ ਸਾਨੋ-ਸ਼ੌਕਤ ਨਾਲ ਮਨਾਇਆ ਵਿਸਾਖੀ ਦਾ ਤਿਉਹਾਰ

## ਬੱਚਿਆਂ ਨੇ ਰੰਗਾਰੰਗ ਪ੍ਰੋਗਰਾਮ ਦੀ ਪੇਸ਼ਕਾਰੀ ਕਰਕੇ ਬੰਨਿਆ ਰੰਗ : ਪ੍ਰਿੰਸੀਪਲ



ਵਰਲਡ ਪੰਜਾਬੀ ਟਾਈਮਜ਼

ਫਰੀਦਕੋਟ, 11 ਅਪ੍ਰੈਲ : ਸਥਾਨਕ ਮੁਕਤਸਰ ਸੜਕ 'ਤੇ ਸਥਿੱਤ 'ਦਾ ਬਲੂਮਿੰਗਡੇਲ ਸਕੂਲ' ਸੀ.ਆਈ.ਐੱਸ.ਸੀ.ਈ. ਵਿੱਚ ਪੰਜਾਬ ਦੇ ਪ੍ਰਸਿੱਧ ਅਤੇ ਪਵਿੱਤਰ ਤਿਉਹਾਰ ਵਿਸਾਖੀ 'ਤੇ ਇੱਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਦੀ ਜਮਾਤ ਅੱਠਵੀਂ ਦੇ ਵਿਦਿਆਰਥੀਆਂ ਵਲੋਂ ਕੀਤਾ ਗਿਆ। ਜਿਸ 'ਚ ਬੱਚਿਆਂ ਦੇ ਮਾਪਿਆਂ ਨੇ ਵੀ ਸ਼ਿਰਕਤ ਕਰਕੇ ਇਸ ਪ੍ਰੋਗਰਾਮ 'ਚ ਜਿੰਦਾਂ ਰੂਹ ਭਰ ਦਿੱਤੀ। ਬੱਚਿਆਂ ਵਲੋਂ ਭਾਸ਼ਣ, ਕਵਿਤਾ ਉਚਾਰਨ, ਗੀਤ, ਗਿੱਧਾ-ਭੰਗੜਾ ਆਦਿ ਵੱਖ-ਵੱਖ ਰੰਗਾ ਰੰਗ ਪ੍ਰੋਗਰਾਮਾਂ ਦੀ ਪੇਸ਼ਕਾਰੀ ਕੀਤੀ ਗਈ। ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੀ ਕਮਾਲ ਦੀ ਅਦਾਕਾਰੀ ਰਾਹੀਂ ਦਰਸ਼ਕਾਂ ਦਾ ਖੂਬ ਮਨੋਰੰਜਨ ਕਰਵਾਇਆ ਅਤੇ ਉੱਥੇ ਮੌਜੂਦ ਵਿਦਿਆਰਥੀ, ਅਧਿਆਪਕ ਅਤੇ ਦਰਸ਼ਕ ਉਹਨਾਂ ਦੀ ਪੇਸਕਾਰੀ ਦੇਖ ਕੇ ਝੂੰਮਣ ਲੱਗੇ ਅਤੇ ਗਦਗਦ ਹੋ ਉੱਠੇ। ਇਸ ਪ੍ਰੋਗਰਾਮ ਬੱਚਿਆਂ ਦੇ ਮਾਪਿਆਂ ਨੇ ਵੀ ਭਾਗ ਲਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਹਰਜਿੰਦਰ ਸਿੰਘ ਟੂਰਨਾ ਨੇ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਸਕੂਲ ਅਧਿਆਪਕਾਂ ਦੇ ਨਾਲ ਨਾਲ ਮਾਪਿਆਂ ਦਾ ਯੋਗਦਾਨ ਵੀ ਵਧੇਰੇ ਮਹੱਤਤਾ ਰੱਖਦਾ ਹੈ। ਜੇਕਰ ਬੱਚਿਆਂ ਦੇ ਕਿਸੇ ਵੀ ਪ੍ਰੋਗਰਾਮ 'ਚ ਮਾਪੇ ਹਾਜਰ ਹੁੰਦੇ ਹਨ ਤਾਂ ਬੱਚਿਆਂ ਦਾ ਹੌਸਲਾ ਹੋਰ ਵੀ ਵੱਧ ਜਾਂਦਾ ਹੈ। ਇਸ ਨਾਲ ਬੱਚਿਆਂ ਦੀ ਪ੍ਰਤਿਭਾ 'ਚ ਹੋਰ ਨਿਖਾਰ ਆ ਜਾਂਦਾ ਹੈ। ਉਹਨਾਂ ਕਿਹਾ ਕਿ ਸਮਾਂ ਬੀਤਣ ਦੇ ਨਾਲ-ਨਾਲ ਅਜੋਕੇ ਸਮੇਂ 'ਚ ਲੋਕ ਆਪਣੇ ਪੁਰਾਣੇ ਸੱਭਿਆਚਾਰ ਤੋਂ ਲਾਂਭੇ ਹੋ ਕੇ ਪੱਛਮੀ ਸੱਭਿਆਚਾਰ ਵੱਲ ਜਿਆਦਾ ਰੁਝਾਨ ਰੱਖ ਰਹੇ ਹਨ, ਸੋ ਅਜੋਕੇ ਸਮੇਂ ਦੀ ਲੋੜ ਹੈ ਕਿ ਸਕੂਲਾਂ 'ਚ ਇਸ ਤਰਾਂ ਦੇ ਪ੍ਰੋਗਰਾਮ ਅਯੋਜਿਤ ਕਰਕੇ ਉਹਨਾਂ ਦੇ ਅੰਦਰ ਆਪਣੇ ਪੁਰਾਤਨ ਪੰਜਾਬੀ ਸੱਭਿਆਚਾਰ ਨੂੰ ਜਿੰਦਾ ਰੱਖਿਆ ਜਾ ਸਕੇ। ਉਹਨਾਂ ਆਪਣੇ ਭਾਸ਼ਾ ਰਾਹੀਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਕਿ ਵਿਸਾਖੀ ਦੇ ਤਿਉਹਾਰ ਦਾ ਸਬੰਧ ਸਿਰਫ ਕਣਕ ਦੀ ਫਸਲ ਪੱਕਣ ਨਾਲ ਹੀ ਨਹੀਂ, ਸਗੋਂ ਇਸ ਦਾ ਸਬੰਧ ਸਿੱਖ ਪੰਥ ਨਾਲ ਵੀ ਹੈ, ਦਰਅਸਲ 13 ਅਪ੍ਰੈਲ ਸਾਲ 1699 ਈਸਵੀ ਨੂੰ ਵਿਸਾਖੀ ਵਾਲੇ ਦਿਨ ਸਿੱਖਾਂ ਦੇ ਦਸਵੇਂ ਗੁਰੂ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ। ਇਸ ਤਰਾਂ ਇਹ ਤਿਉਹਾਰ ਧਾਰਮਿਕ ਪੱਖੋਂ ਵੀ ਵਧੇਰੇ ਮਹੱਤਵਪੂਰਨ ਮੰਨਿਆ ਜਾਂਦਾ ਹੈ। ਇਸ ਤਰਾਂ ਹਰੇਕ ਪੰਜਾਬੀ ਅਤੇ ਭਾਰਤੀ ਨਾਗਰਿਕ ਦਾ ਕਰਤਵ ਬਣਦਾ ਹੈ ਕਿ ਉਹ ਆਪਣੇ ਪੁਰਾਤਨ ਸੱਭਿਆਚਾਰ ਨੂੰ ਜਿੰਦਾ ਰੱਖੇ ਅਤੇ ਬੱਚਿਆਂ ਨੂੰ ਆਪਣੇ ਇਸ ਅਮੀਰ ਸੱਭਿਆਚਾਰ ਬਾਰੇ ਜਾਣੂ ਕਰਵਾਏ। ਅੰਤ 'ਚ ਪ੍ਰਿੰਸੀਪਲ ਹਰਜਿੰਦਰ ਸਿੰਘ ਟੂਰਨਾ ਨੇ ਵਿਦਿਆਰਥੀਆਂ ਦੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ, ਜੋ ਸਾਨੂੰ ਅਜਿਹੇ ਪ੍ਰੋਗਰਾਮ ਕਰਵਾਉਣ ਲਈ ਉਤਸ਼ਾਹਿਤ ਕਰਦੇ ਹਨ ਅਤੇ ਬਣਦਾ ਯੋਗਦਾਨ ਵੀ ਦਿੰਦੇ ਹਨ। ਇਸ ਮੌਕੇ ਬੱਚਿਆਂ ਵੱਲੋਂ ਰਾਸ਼ਟਰੀ ਗਾਇਨ ਪੇਸ਼ ਕੀਤਾ ਗਿਆ।